# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-09-2024**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਏ ਕਿ ਸਾਰੀਆਂ ਸਿੱਖਿਆ ਸੰਸਥਾਵਾਂ ਨੂੰ, ਕੁੜੀਆਂ ਲਈ ਸੁਰੱਖਿਅਤ ਮਾਹੌਲ ਬਣਾਉਣਾ ਚਾਹੀਦਾ ਏ, ਕਿਉਂਕਿ ਉਹ, ਦੇਸ਼ ਦੇ ਵਿਕਾਸ ਦਾ ਅਨਿੱਖੜਵਾਂ ਅੰਗ ਨੇ। ਉਨ੍ਹਾਂ ਅੱਜ ਪੁਣੇ ਵਿੱਚ ਸਿਮ-ਬਾਇਓ-ਸਿਸ ਯੂਨੀਵਰਸਿਟੀ ਦੇ, 21ਵੇਂ ਕਨਵੋਕੇਸ਼ਨ ਸਮਾਗਮ ਵਿੱਚ  ਸਮਾਗਮ ਵਿੱਚ ਸੰਬੋਧਨ ਕਰਦਿਆਂ ਕਿਹਾ।

**BYTE:**

ਉਹਨਾਂ ਨੇ ਲਿੰਗ ਸਮਾਨਤਾ 'ਤੇ ਜ਼ੋਰ ਦੇਣ ਦੇ ਨਾਲ, 11 ਵਿੱਚੋਂ 8 ਸੋਨ ਤਮਗਾ ਜੇਤੂ ਕੁੜੀਆਂ ਦੇ ਹੋਣ ਤੇ ਸਮਾਵੇਸ਼ੀ ਵਿਕਾਸ ਲਈ, ਯੂਨੀਵਰਸਿਟੀ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ।

-----------------------------------------------------------

ਬੂਟੇ ਲਾਉਣ ਬਾਰੇ ਮੁਹਿੰਮ 'ਏਕ ਪੇੜ ਮਾਂ ਕੇ ਨਾਮ' ਤਹਿਤ ਹੁਣ ਤੱਕ,

52 ਕਰੋੜ ਤੋਂ ਵੱਧ ਬੂਟੇ ਲਗਾਏ ਜਾ ਚੁੱਕੇ ਨੇ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਤਬਦੀਲੀ ਬਾਰੇ ਮੰਤਰੀ ਭੂਪੇਂਦਰ ਯਾਦਵ ਨੇ ਕਿਹਾ, ਇਸ ਮੁਹਿੰਮ ਵਿੱਚ ਇੱਕ ਹੋਰ ਮੀਲ ਪੱਥਰ ਹਾਸਲ ਕੀਤਾ ਗਿਆ ਏ । ਵਿਸ਼ਵ ਵਾਤਾਵਰਨ ਦਿਵਸ ਮੌਕੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਮੁਹਿੰਮ ਦੀ ਸ਼ੁਰੂਆਤ ਕੀਤੀ । ਸ੍ਰੀ ਮੋਦੀ ਨੇ ਸਾਰਿਆਂ ਨੂੰ ਆਪਣੀਆਂ ਮਾਤਾਵਾਂ ਨੂੰ ਸਤਿਕਾਰ ਦੇਣ ਲਈ ਬੂਟੇ ਲਗਾਉਣ ਦਾ ਸੱਦਾ ਦਿੱਤਾ । ਓਧਰ ਮੋਗਾ ਦੇ ਰਹਿਣ ਵਾਲੇ ਸੁਰਭੀ ਦਾ ਮੰਨਣਾ ਏ ਕਿ ਧਰਤੀ ਦੀ ਬੇਹਤਰੀ ਅਤੇ ਚੌਗਿਰਦੇ ਦੀ ਸੰਭਾਲ ਵਾਸਤੇ ਸਾਰਿਆਂ ਨੂੰ ਬੂਟੇ ਲਾਉਣੇ ਚਾਹੀਦੇ ਨੇ ।

-----------------------------------------------------------

ਪੰਜਾਬ ਸਰਕਾਰ ਨੇ "ਪਹਿਲਾ ਪ੍ਰਕਾਸ਼ ਗੁਰਪੁਰਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ" ਦੇ ਸ਼ੁਭ ਦਿਹਾੜੇ ’ਤੇ ਕੱਲ ਨੂੰ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਸਥਾਨਕ ਛੁੱਟੀ ਦਾ ਐਲਾਨ ਕੀਤਾ ਏ । ਸੂਬਾ ਸਰਕਾਰ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਪੰਜਾਬ ਸਰਕਾਰ ਦੇ ਸਾਰੇ ਦਫ਼ਤਰ, ਬੋਰਡ, ਕਾਰਪੋਰੇਸ਼ਨਾਂ ਅਤੇ ਸਰਕਾਰੀ ਵਿਦਿਅਕ ਅਦਾਰੇ ਕੱਲ ਨੂੰ ਬੰਦ

ਰਹਿਣਗੇ। ਇਸ ਸਬੰਧੀ ਅਮਲਾ ਵਿਭਾਗ ਵੱਲੋਂ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ।

---------------------------------------------------------------

ਲੁਧਿਆਣਾ ਵਿਖੇ ਕੌਮੀ ਸ਼ਾਹਰਾਹ 'ਤੇ ਸਲੇਮ ਟਾਬਰੀ ਥਾਣੇ ਅਧੀਨ ਪੈਂਦੇ ਐਲਡੇਕੋ ਅਸਟੇਟ ਨੇੜੇ, ਅੱਜ ਸਵੇਰੇ ਕਰੀਬ 3 ਵਜੇ ਸੜਕ ਕਿਨਾਰੇ ਖੜ੍ਹੀ ਬੱਸ ਨੂੰ ਤੇਜ਼ ਰਫ਼ਤਾਰ ਟਰਾਲੇ ਨੇ ਟੱਕਰ ਮਾਰ ਦਿੱਤੀ। ਇਸ ਹਾਦਸੇ 'ਚ ਇਕ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਤਿੰਨ ਜਣੇ ਗੰਭੀਰ ਜ਼ਖਮੀ ਹੋਏ ਨੇ। ਸਾਢੇ ਪੱਤਰਕਾਰ ਨੇ ਜਾਣਕਾਰੀ ਦਿਤੀ ਏ ਕਿ ਰਾਤ ਕਰੀਬ 3 ਵਜੇ ਬੱਸ ਦਾ ਟਾਇਰ ਪੰਕਚਰ ਹੋ ਗਿਆ, ਜਿਸ ਕਾਰਨ ਬੱਸ ਚਾਲਕ ਨੇ ਟਾਇਰ ਬਦਲਣ ਲਈ, ਬੱਸ ਨੂੰ ਸੜਕ ਕਿਨਾਰੇ ਖੜ੍ਹਾ ਕਰ ਦਿੱਤਾ ਅਤੇ ਇਸ ਦੌਰਾਨ ਲੁਧਿਆਣਾ ਵਾਲੇ ਪਾਸੇ ਤੋਂ ਤੇਜ਼ ਰਫਤਾਰ ਨਾਲ ਆ ਰਹੇ ਇਕ ਟਰਾਲੇ ਨੇ ਬੱਸ ਨੂੰ ਟੱਕਰ ਮਾਰ ਦਿੱਤੀ। ਜਿਸ ਕਾਰਨ ਬੱਸ 'ਚ ਸਵਾਰ ਸ਼ਰਧਾਲੂਆਂ ਲਈ ਲੰਗਰ ਬਣਾਉਣ ਵਾਲੇ ਵਿਅਕਤੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਖਮੀਆਂ ਨੂੰ ਇਲਾਜ ਲਈ

ਹਸਪਤਾਲ 'ਚ ਦਾਖਲ ਕਰਵਾਇਆ ਗਿਆ ਏ। ਟਰਾਲੇ ਦਾ ਡਰਾਈਵਰ ਮੌਕੇ ਤੋਂ ਫਰਾਰ ਹੋ ਗਿਆ।

-----------------------------------------------------

ਪੰਜਾਬ ਅਤੇ ਚੰਡੀਗੜ੍ਹ ਵਿੱਚ ਮਾਨਸੂਨ ਇੱਕ ਵਾਰ ਫਿਰ ਸਰਗਰਮ ਹੋ ਗਿਆ ਏ। ਮੌਸਮ ਵਿਭਾਗ ਨੇ ਚੰਡੀਗੜ੍ਹ ਸਮੇਤ ਪੰਜਾਬ ਦੇ 7 ਜ਼ਿਲ੍ਹਿਆਂ ਵਿੱਚ ਚੰਗੀ ਬਾਰਿਸ਼ ਅਤੇ ਬਾਕੀ ਜ਼ਿਲ੍ਹਿਆਂ ਵਿੱਚ ਆਮ ਮੀਂਹ ਪੈਣ ਦੀ ਪੇਸ਼ੀਨਗੋਈ ਕੀਤੀ ਏ। ਬੀਤੇ ਕੱਲ ਸੂਬੇ ਦੇ ਕਈ ਜ਼ਿਲਿਆਂ ਵਿਚ ਮੀਹ ਪਿਆ , ਮੋਹਾਲੀ 'ਚ 70 ਮਿਲੀ-ਮੀਟਰ ਬੱਦਲ ਬਰਸੇ, ਜਦਕਿ ਪਠਾਨਕੋਟ 'ਚ ਵੀ ਮੀਂਹ ਪਿਆ। ਜ਼ਿਆਦਾਤਰ ਜ਼ਿਲ੍ਹਿਆਂ ਵਿੱਚ ਬੱਦਲ ਛਾਏ ਰਹਿਣ ਕਾਰਨ ਤਾਪਮਾਨ ਵਿੱਚ ਵੀ ਮਾਮੂਲੀ ਗਿਰਾਵਟ ਦੇਖਣ ਨੂੰ ਮਿਲੀ। ਬਠਿੰਡਾ ਵਿੱਚ ਸਭ ਤੋਂ ਵੱਧ ਤਾਪਮਾਨ 36.2 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਅਨੁਸਾਰ ਅੱਜ ਸੂਬੇ ਦੇ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਹੁਸ਼ਿਆਰਪੁਰ, ਨਵਾਂ ਸ਼ਹਿਰ, ਰੂਪਨਗਰ ਅਤੇ ਐਸ.ਏ.ਐਸ ਨਗਰ ਵਿੱਚ ਮੀਂਹ ਪੈਣ ਦੀ ਸੰਭਾਵਨਾ ਦਸੀ ਗਈ ਏ।

---------------------------------------------------------------

ਪਟਿਆਲਾ ਵਿਚ ਸਨੌਰ ਹਲਕੇ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਅਤੇ ਘਨੌਰ ਦੇ ਵਿਧਾਇਕ ਗੁਰਲਾਲ ਘਨੌਰ ਨੇ ਆਪਣੇ ਹਲਕੇ ਦੇ ਦਰਜਨਾਂ ਪਿੰਡਾਂ ਦੇ ਵਸਨੀਕਾਂ ਦੀ ਚਿਰੋਕਣੀ ਮੰਗ ਪੂਰੀ ਕਰਦਿਆਂ 2 ਕਰੋੜ 55 ਲਖ ਰੁਪਏ ਦੀ ਲਾਗਤ ਨਾਲ ਦੋ ਡਰੇਨਾਂ ਦੇ ਦੋ ਪੁੱਲਾਂ ਦੀ ਉਸਾਰੀ ਦੇ ਨੀਂਹ ਪੱਥਰ ਰੱਖੇ। ਦੋਵਾਂ ਵਿਧਾਇਕਾਂ ਨੇ ਪੰਜਾਬ ਮੰਡੀ ਬੋਰਡ ਵੱਲੋਂ ਲਿੰਕ ਸੜਕ ਕੌਲੀ ਤੋਂ ਬਾਰਨ ਵਾਇਆ ਪਨੌਦੀਆਂ ਵਿੱਚ ਨਿੰਮ ਸਾਹਿਬ ਡਰੇਨ ਉਪਰ ਗੁਰਦੁਆਰਾ ਨਿੰਮ ਸਾਹਿਬ ਨੇੜੇ ਇਕ ਕਰੋੜ ਤੋਂ ਵੱਧ ਦੀ ਲਾਗਤ ਵਾਲੇ ਅਤੇ ਲਿੰਕ ਸੜਕ ਗੌਂਸਪੁਰ ਤੋਂ ਸ਼ੰਕਰਪੁਰ ਵਿੱਚ, ਕੌਲੀ ਕਰੀਕ ਡਰੇਨ ਉਪਰ 80 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਜਾਣ ਵਾਲੇ ਦੋ ਪੁੱਲ ਦੀ ਉਸਾਰੀ ਦਾ ਕਾਰਜ ਸ਼ੁਰੂ ਕਰਵਾਇਆ।

---------------------------------------------------------------

ਪੈਰਿਸ ਪੈਰਾਲੰਪਿਕਸ ਦੇ 5ਵੇਂ ਦਿਨ ਭਾਰਤ ਤਮਗਾ ਸੂਚੀ ਵਿੱਚ 15ਵੇਂ ਸਥਾਨ ’ਤੇ ਪਹੁੰਚ ਗਿਆ। ਸੁਮਿਤ ਅੰਤਿਲ ਨੇ ਜੈਵਲਿਨ ਥਰੋਅ

ਮੁਕਾਬਲੇ ਵਿੱਚ, ਆਪਣਾ ਸੋਨ ਤਮਗਾ ਬਰਕਰਾਰ ਰੱਖਿਆ ਏ । ਬੈਡਮਿੰਟਨ ਵਿੱਚ ਨਿਤੀਸ਼ ਕੁਮਾਰ ਨੇ ਮਰਦਾਂ ਦੇ ਸਿੰਗਲ ਵਰਗ ਵਿੱਚ ਸੋਨ ਤਮਗਾ ਜਦੋਂ ਕਿ ਸੁਹਾਸ ਯਤੀਰਾਜ ਨੇ, ਪੁਰਸ਼ ਸਿੰਗਲਜ਼ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਮਨੀਸ਼ਾ ਰਾਮਦਾਸ ਨੇ ਔਰਤ ਸਿੰਗਲਜ਼ ਵਰਗ ਵਿੱਚ, ਡੈਨਮਾਰਕ ਦੀ ਕੈਥਰੀਨ ਰੋਜ਼ੇਨ-ਗ੍ਰੇਨ ਨੂੰ ਹਰਾ ਕੇ ਕਾਂਸੀ ਦਾ ਤਮਗਾ ਅਤੇ ਨਿਤਿਆ ਸ੍ਰੇ ਸਿਵਨ ਨੇ ਵੀ, ਔਰਤ ਵਰਗ ਵਿੱਚ ਕਾਂਸੀ ਦਾ ਤਗ਼ਮਾ ਜਿੱਤਿਆ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਰੇ ਤਮਗਾ ਜੇਤੂਆਂ ਨੂੰ ਵਧਾਈ ਦਿੱਤੀ ਏ । ਇਸ ਦੇ ਨਾਲ ਹੀ ਭਾਰਤੀ ਨਿਸ਼ਾਨੇਬਾਜ਼ ਅਨੁਯਾ ਪ੍ਰਸਾਦ ਨੇ, ਜਰਮਨੀ ਦੇ ਹੈਨੋਵਰ 'ਚ ਚੱਲ ਰਹੀ, ਦੂਜੀ ਵਿਸ਼ਵ ਡੈਫ ਸ਼ੂਟਿੰਗ ਚੈਂਪੀਅਨਸ਼ਿਪ 'ਚ, ਮਹਿਲਾ ਏਅਰ ਪਿਸਟਲ ਮੁਕਾਬਲੇ 'ਚ ਸੋਨ ਤਮਗਾ ਜਿੱਤਿਆ ਏ ।